# ਐਸ.ਪੀ (ਐਚ) ਵੱਲੋਂ ਸੰਪਰਕ ਪ੍ਰੋਗਰਾਮ ਤਹਿਤ ਮੰਡੀ ਬਰੀਵਾਲਾ ਵਿਖੇ ਪਬਲਿਕ ਮੀਟਿੰਗ ਕੀਤੀ ਗਈ



## ਲੋਕਾਂ ਨੂੰ ਸਾਈਬਰ ਕ੍ਰਾਇਮ ਅਤੇ ਨਸ਼ਿਆਂ ਤੋਂ ਸੁਚੇਤ ਹੋਣ ਦੀ ਕੀਤੀ ਅਪੀਲ

ਸ੍ਰੀ ਮੁਕਤਸਰ ਸਾਹਿਬ( ) ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਵੱਲੋਂ ਲੋਕਾਂ ਨਾਲ ਹੋਰ ਨੇੜਤਾ ਅਤੇ ਉਨ੍ਹਾਂ ਨਾਲ ਸਿੱਧਾ ਰਾਬਤਾ ਬਣਾਉਦਿਆ ਪੂਰੇ ਸੂਬੇ ਅੰਦਰ ਸਪੰਰਕ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ ਇਸ ਤਹਿਤ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾਂ ਅੰਦਰ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਪਿੰਡਾ/ਸ਼ਹਿਰਾਂ ਸਕੂਲਾ/ਕਾਲਜਾਂ ਵਿੱਚ ਨਸ਼ੇ ਅਤੇ ਸਟਰੀਟ ਕ੍ਰਾਇਮ ਖਿਲਾਫ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਜਿਸ ਦੇ ਚਲਦਿਆਂ ਹੀ ਸ. ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ(ਐਚ) ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆ ਮੰਡੀ ਬਰੀਵਾਲਾ ਦੇ ਪੰਚਾਇਤ ਘਰ ਵਿੱਚ ਪਬਲਿਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਐਸ.ਆਈ ਜਗਸੀਰ ਸਿੰਘ ਮੁੱਖ ਅਫਸਰ ਥਾਣਾ ਬਰੀਵਾਲਾ, ਅਵੇਰਨੈਸ ਟੀਮ ਏ.ਐਸ.ਆਈ ਹਰਮੰਦਰ ਸਿੰਘ ਅਤੇ ਏ.ਐਸ.ਆਈ ਗੁਰਜੰਟ ਸਿੰਘ ਤੋਂ ਇਲਾਵਾ ਸਾਂਝ ਕੇਂਦਰ ਬਰੀ ਵਾਲਾ ਸਟਾਫ ਦੇ ਮੈਂਬਰ ਅਤੇ ਬਰੀਵਾਲਾ ਦੇ ਨਗਰ ਨਿਵਾਸੀ ਹਾਜ਼ਰ ਸਨ ।